ਗਉੜੀ ॥ ਮਹਲਾ ੫ ॥ ਛੋਡਿ ਛੋਡਿ ਰੇ ਬਿਖਿਆ ਕੇ ਰਸੂਆ ॥ ਉਰਝਿ ਰਹਿਓ ਰੇ ਬਾਵਰ ਗਾਵਰ ਜਿਉ ਕਿਰਖੈ ਹਰਿਆਇਓ ਪਸੂਆ ॥੧॥ ਰਹਾਉ ॥ ਜੋ ਜਾਨਹਿ ਤੂੰ ਅਪੁਨੇ ਕਾਜੈ ਸੋ ਸੰਗਿ ਨ ਚਾਲੈ ਤੇਰੈ ਤਸੂਆ ॥ ਨਾਗੋ ਆਇਓ ਨਾਗ ਸਿਧਾਸੀ ਫੇਰਿ ਫਿਰਿਓ ਅਰੁ ਕਾਲਿ ਗਰਸੂਆ ॥ ੧॥ ਪੇਖਿ ਪੇਖਿ ਰੇ ਕਸੁੰਭ ਕੀ ਲੀਲਾ ਰਾਚਿ ਮਾਚਿ ਤਿਨਹੂੰ ਲਉ ਹਸੂਆ ॥ ਛੀਜਤ ਡੋਰਿ ਦਿਨਸੁ ਅਰੁ ਰੈਨੀ ਜੀਅ ਕੋ ਕਾਜੁ ਨ ਕੀਨੋ ਕਛੂਆ ॥ ੨॥ ਕਰਤ ਕਰਤ ਇਵ ਹੀ ਬਿਰਧਾਨੋ ਹਾਰਿਓ ਉਕਤੇ ਤਨੁ ਖੀਨਸੂਆ ॥ ਜਿਉ ਮੋਹਿਓ ਉਨਿ ਮੋਹਨੀ ਬਾਲਾ ਉਸ ਤੇ ਘਟੈ ਨਾਹੀ ਰੁਚ ਚਸੂਆ ॥੩॥ ਜਗੁ ਐਸਾ ਮੋਹਿ ਗੁਰਹਿ ਦਿਖਾਇਓ ਤਉ ਸਰਣਿ ਪਰਿਓ ਤਜਿ ਗਰਬਸੂਆ ॥ ਮਾਰਗੁ ਪ੍ਰਭ ਕੋ ਸੰਤਿ ਬਤਾਇਓ ਦ੍ਰਿੜੀ ਨਾਨਕ ਦਾਸ ਭਗਤਿ ਹਰਿ ਜਸੂਆ ॥੪॥੬॥੧੨੭॥ {ਪੰਨਾ 206}

ਪਦਅਰਥ:- ਰੇ—ਹੇ ਭਾਈ! ਬਿਖਿਆ—ਮਾਇਆ। ਰਸੂਆ—ਚਸਕੇ। ਉਰਝਿ ਰਹਿਓ—ਤੂੰ ਫਸਿਆ ਪਿਆ ਹੈਂ। ਰੇ ਬਾਵਰ ਗਾਵਰ—ਹੇ ਕਮਲੇ ਗਵਾਰ! ਕਿਰਖੈ ਹਰਿਆਇਓ—ਹਰੇ ਖੇਤ ਵਿਚ।1। ਰਹਾਉ।

ਅਪੁਨੇ ਕਾਜੈ—ਆਪਣੇ ਕੰਮ ਵਿਚ ਆਉਣ ਵਾਲਾ। ਤਸੂਆ—ਤੱਸੂ ਭਰ, ਰਤਾ ਭੀ {ਤਸੂ—ਇਕ ਇੰਚ ਦਾ ਦਸਵਾਂ ਹਿੱਸਾ}। ਸਿਧਾਸੀ—ਤੂੰ ਚਲਾ ਜਾਏਂਗਾ। ਫੇਰਿ—ਜੂਨਾਂ ਦੇ ਗੇੜ ਵਿਚ। ਕਾਲਿ—ਕਾਲ ਨੇ, ਆਤਮਕ ਮੌਤ ਨੇ।1।

ਕਸੁੰਭ—ਕਸੁੰਭਾ ਫੁੱਲ, ਜਿਸ ਦਾ ਰੰਗ ਸ਼ੋਖ਼ ਹੁੰਦਾ ਹੈ, ਪਰ ਦੋ ਤਿੰਨਾਂ ਦਿਨਾਂ ਵਿਚ ਹੀ ਸੜ ਜਾਂਦਾ ਹੈ। ਪੇਖਿ—ਵੇਖ ਕੇ। ਲੀਲਾ—ਖੇਡ। ਰਾਚਿ ਮਾਚਿ—ਰਚ ਮਿਚ ਕੇ, ਮਸਤ ਹੋ ਕੇ। ਡੋਰਿ—ਡੋਰੀ (ਸੁਆਸਾਂ ਦੀ)। ਛੀਜਤ—ਕਮਜ਼ੋਰ ਹੁੰਦੀ ਜਾ ਰਹੀ। ਰੈਨੀ—ਰਾਤ। ਜੀਅ ਕੋ—ਜਿੰਦ ਦਾ, ਜਿੰਦ ਦੇ ਕੰਮ ਆਉਣ ਵਾਲਾ।2।

ਇਵ ਹੀ—ਇਉਂ ਹੀ। ਬਿਰਧਾਨੋ—ਬੁੱਢਾ ਹੋ ਰਿਹਾ ਹੈ। ਉਕਤੇ—ਉਕਤਿ, ਦਲੀਲ, ਅਕਲ। ਖੀਨਸੂਆ—ਖੀਨ ਹੋ ਰਿਹਾ ਹੈ। ਉਨਿ—ਉਸ ਨੇ। ਮੋਹਨੀ ਬਾਲਾ—ਮੋਹਣ ਵਾਲੀ ਮਾਇਆ-ਇਸਤ੍ਰੀ ਨੇ। ਤੇ—ਤੋਂ। ਰੁਚ—ਪ੍ਰੇਮ। ਚਸੂਆ—ਰਤਾ ਭੀ।3।

ਮੋਹਿ—ਮੈਨੂੰ। ਗੁਰਹਿ—ਗੁਰੂ ਨੇ। ਤਜਿ—ਤਜ ਕੇ। ਗਰਬਸੂਆ—ਮਾਣ। ਮਾਰਗੁ—ਰਸਤਾ। ਕੋ—ਦਾ। ਸੰਤਿ—ਸੰਤ ਨੇ, ਗੁਰੂ ਨੇ। ਜਸੂਆ—ਜਸ, ਸਿਫ਼ਤਿ-ਸਾਲਾਹ।4।

ਅਰਥ:- ਹੇ ਭਾਈ! ਮਾਇਆ ਦੇ ਚਸਕੇ ਛੱਡ ਦੇ ਛੱਡ ਦੇ। ਹੇ ਕਮਲੇ ਗੰਵਾਰ! ਤੂੰ (ਇਹਨਾਂ ਚਸਕਿਆਂ ਵਿਚ ਇਉਂ) ਮਸਤ ਪਿਆ ਹੈਂ, ਜਿਵੇਂ ਕੋਈ ਪਸ਼ੂ ਹਰੇ ਖੇਤ ਵਿਚ ਮਸਤ (ਹੁੰਦਾ ਹੈ)।1। ਰਹਾਉ।

(ਹੇ ਕਮਲੇ!) ਜਿਸ ਚੀਜ਼ ਨੂੰ ਤੂੰ ਆਪਣੇ ਕੰਮ ਆਉਣ ਵਾਲੀ ਸਮਝਦਾ ਹੈਂ, ਉਹ ਰਤਾ ਭਰ ਭੀ (ਅੰਤ ਵੇਲੇ) ਤੇਰੇ ਨਾਲ ਨਹੀਂ ਜਾਂਦੀ। ਤੂੰ (ਜਗਤ ਵਿਚ) ਨੰਗਾ ਆਇਆ ਸੀ (ਇਥੋਂ) ਨੰਗਾ ਹੀ ਚਲਾ ਜਾਏਂਗਾ। ਤੂੰ (ਵਿਅਰਥ ਹੀ ਜੂਨਾਂ ਦੇ) ਗੇੜ ਵਿਚ ਫਿਰ ਰਿਹਾ ਹੈਂ ਅਤੇ ਤੈਨੂੰ ਆਤਮਕ ਮੌਤ ਨੇ ਗ੍ਰਸਿਆ ਹੋਇਆ ਹੈ।1।

(ਹੇ ਕਮਲੇ!) (ਇਹ ਮਾਇਆ ਦੀ ਖੇਡ) ਕਸੁੰਭੇ ਦੀ ਖੇਡ (ਹੈ, ਇਸ ਨੂੰ) ਵੇਖ ਵੇਖ ਕੇ ਤੂੰ ਇਸ ਵਿਚ ਮਸਤ ਹੋ ਰਿਹਾ ਹੈਂ ਤੇ ਇਹਨਾਂ ਪਦਾਰਥਾਂ ਨਾਲ ਖ਼ੁਸ਼ ਹੋ ਰਿਹਾ ਹੈਂ। ਦਿਨ ਰਾਤ ਤੇਰੀ ਉਮਰ ਦੀ ਡੋਰੀ ਕਮਜ਼ੋਰ ਹੁੰਦੀ ਜਾ ਰਹੀ ਹੈ। ਤੂੰ ਆਪਣੀ ਜਿੰਦ ਦੇ ਕੰਮ ਆਉਣ ਵਾਲਾ ਕੋਈ ਭੀ ਕੰਮ ਨਹੀਂ ਕੀਤਾ।2।

(ਮਾਇਆ ਦੇ ਧੰਧੇ) ਕਰ ਕਰ ਕੇ ਇਉਂ ਹੀ ਮਨੁੱਖ ਬੁੱਢਾ ਹੋ ਜਾਂਦਾ ਹੈ, ਅਕਲ ਕੰਮ ਕਰਨੋਂ ਰਹਿ ਜਾਂਦੀ ਹੈ, ਤੇ ਸਰੀਰ ਲਿੱਸਾ ਹੋ ਜਾਂਦਾ ਹੈ। ਜਿਵੇਂ (ਜਵਾਨੀ ਵੇਲੇ) ਉਸ ਮੋਹਣ ਵਾਲੀ ਮਾਇਆ ਨੇ ਇਸ ਨੂੰ ਆਪਣੇ ਮੋਹ ਵਿਚ ਫਸਾਇਆ ਸੀ, ਉਸ ਵਲੋਂ ਇਸ ਦੀ ਪ੍ਰੀਤਿ ਰਤਾ ਭੀ ਨਹੀਂ ਘਟਦੀ।3।

ਹੇ ਦਾਸ ਨਾਨਕ! ਆਖ—ਮੈਨੂੰ ਗੁਰੂ ਨੇ ਵਿਖਾ ਦਿੱਤਾ ਹੈ ਕਿ ਜਗਤ (ਦਾ ਮੋਹ) ਇਹੋ ਜਿਹਾ ਹੈ। ਤਦ ਮੈਂ (ਜਗਤ ਦਾ)

ਮਾਣ ਛੱਡ ਕੇ (ਗੁਰੂ ਦੀ) ਸਰਨ ਪਿਆ ਹਾਂ। ਗੁਰੂ-ਸੰਤ ਨੇ ਮੈਨੂੰ ਪਰਮਾਤਮਾ ਦੇ ਮਿਲਣ ਦਾ ਰਾਹ ਦੱਸ ਦਿੱਤਾ ਹੈ ਤੇ ਮੈਂ ਪਰਮਾਤਮਾ ਦੀ ਭਗਤੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਪਣੇ ਹਿਰਦੇ ਵਿਚ ਪੱਕੀ ਕਰ ਲਈ ਹੈ।4।6। 127।